# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :20-02-2026**

ਭਾਰਤੀ ਚੋਣ ਕਮਿਸ਼ਨ ਨੇ ਪੰਜਾਬ, ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਸਮੇਤ 22 ਸੂਬਿਆਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਆਉਣ ਵਾਲੀ ਵਿਸ਼ੇਸ਼ ਤੀਬਰ ਸੋਧ (SIR) ਲਈ ਤਿਆਰੀਆਂ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਵਿਸ਼ੇਸ਼ ਤੀਬਰ ਸੋਧ ਦਾ ਇਹ ਗੇੜ ਇਸ ਸਾਲ ਅਪ੍ਰੈਲ ਵਿੱਚ ਸ਼ੁਰੂ ਹੋਣ ਦੀ ਉਮੀਦ ਏ। ਇਸ ਵਿਚ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਤੋਂ ਇਲਾਵਾ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ -ਕਸ਼ਮੀਰ ਸਮੇਤ 22 ਸੂਬੇ ਸ਼ਾਮਿਲ ਨੇ । ਕਮਿਸ਼ਨ ਨੇ ਕਿਹਾ ਏ ਕਿ SIR ਦਾ ਕੰਮ 12 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਪਹਿਲਾਂ ਤੋਂ ਚੱਲ ਰਿਹਾ ਏ ।

---------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੱਲ੍ਹ ਜਲੰਧਰ ਵਿਚ

ਕਿਹਾ ਏ ਕਿ ਜਲੰਧਰ ਨੇੜੇ ਕਰਤਾਰਪੁਰ ਰੋਡ 'ਤੇ ਪਿੰਡ ਨੌਗੱਜਾ ਅਤੇ ਫਰੀਦਪੁਰ ਵਿਚ 10 ਏਕੜ ਤੋਂ ਵੱਧ ਜ਼ਮੀਨ ਦਾ ਕਬਜ਼ਾ ਲੈ ਕੇ '**ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰਾ** ਦੀ ਸਥਾਪਨਾ ਵੱਲ ਅਹਿਮ ਕਦਮ ਚੁੱਕ ਲਿਆ ਗਿਆ ਏ। ਉਨ੍ਹਾਂ ਦੱਸਿਆ ਕਿ ਜ਼ਮੀਨ ਦੀ ਰਜਿਸਟਰੀ ਪਹਿਲਾਂ ਹੀ ਹੋ ਚੁੱਕੀ ਸੀ ਅਤੇ ਹੁਣ ਕਬਜ਼ਾ ਮਿਲਣ ਨਾਲ ਇਹ ਪ੍ਰੋਜੈਕਟ ਲਾਗੂ ਹੋਣ ਦੇ ਅਹਿਮ ਪੜਾਅ ਵਿੱਚ ਦਾਖਲ ਹੋ ਗਿਆ ਏ। ਇਸ ਜਗ੍ਹਾ ਤੋਂ ਬਿਜਲੀ ਦੀਆਂ ਹਾਈ-ਟੈਂਸ਼ਨ ਤਾਰਾਂ ਨੂੰ ਹੋਰ ਪਾਸੇ ਤਬਦੀਲ ਕੀਤਾ ਜਾਵੇਗਾ, ਤਾਂ ਜੋ ਉਸਾਰੀ ਦਾ ਕੰਮ ਬਿਨਾਂ ਕਿਸੇ ਦੇਰ ਦੇ ਸੁਚਾਰੂ ਢੰਗ ਨਾਲ ਚੱਲ ਸਕੇ। ਵਿੱਤ ਮੰਤਰੀ ਨੇ ਦੱਸਿਆ ਕਿ ਇਸ ਕੇਂਦਰ ਦੀ ਉਸਾਰੀ ਲਈ ਜਲਦੀ ਟੈਂਡਰ ਕੱਢੇ ਜਾਣਗੇ ਅਤੇ ਸ੍ਰੀ ਗੁਰੂ ਰਵਿਦਾਸ ਵੱਲੋਂ ਦਰਸਾਈਆਂ ਆਪਸੀ ਸਦਭਾਵਨਾ ਦੀਆਂ ਸਿੱਖਿਆਵਾਂ ਨੂੰ ਉਤਸ਼ਾਹਤ ਕਰਨ ਲਈ ਪੰਜਾਬ ਵਿਚ ਸਾਰਾ ਸਾਲ ਸਮਾਗਮ ਜਾਰੀ ਰਹਿਣਗੇ। ਇਸ ਦੌਰਾਨ ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਨੇ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

----------------------------------------------------------

ਜਲੰਧਰ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਦੀ ਸਮੱਸਿਆ ਦੇ ਖਾਤਮੇ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਠੋਸ ਯਤਨ

ਕਰਨ ’ਤੇ ਜ਼ੋਰ ਦਿੱਤਾ ਏ। ਜਲੰਧਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਕੱਲ੍ਹ ਪ੍ਰਾਜੈਕਟ ਜੀਵਨਜੋਤ 2.0 ਦੀ ਜਾਇਜਾ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਵਿਭਾਗੀ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਾਲ ਭਿੱਖਿਆ ਵਿੱਚ ਸ਼ਾਮਲ ਵਿਅਕਤੀਆਂ ’ਤੇ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਪੀੜਤ ਬੱਚਿਆਂ ਦੀ ਪਛਾਣ ਕਰ ਕੇ ਉਨ੍ਹਾਂ ਦੀ ਸੁਰੱਖਿਆ, ਸੰਭਾਲ ਅਤੇ ਪੜ੍ਹਾਈ ਲਈ ਢੁੱਕਵੇਂ ਯਤਨ ਕੀਤੇ ਜਾਣ। ਇਸੇ ਤਰ੍ਹਾਂ ਭੀਖ ਮੰਗਣ ਲਈ ਮਜਬੂਰ ਬੱਚਿਆਂ ਦੇ ਮਾਪਿਆਂ ਨੂੰ ਹੁਨਰ ਸਿਖਲਾਈ ਮੁਹਿੰਮ ਤਹਿਤ ਸਿੱਖਿਅਤ ਕੀਤਾ ਜਾਵੇ । ਡਿਪਟੀ ਕਮਿਸ਼ਨਰ ਨੇ ਇਲਾਕਾਵਾਰ ਚੈਕਿੰਗ ਮੁਹਿੰਮ ਚਲਾਉਣ ਦੀ ਹਦਾਇਤ ਕੀਤੀ ਤੇ ਇਸ ਵਿੱਚ ਐਨ.ਜੀ.ਓਜ਼ ਨੂੰ ਸ਼ਾਮਲ ਕਰਨ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਬਾਲ-ਭਿੱਖਿਆ ਦੇ ਸ਼ੱਕੀ ਮਾਮਲਿਆਂ ਵਿੱਚ ਡੀ.ਐਨ.ਏ. ਟੈਸਟ ਕਰਵਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਅਪੀਲ ਕੀਤੀ ਕਿ ਬਾਲ ਭਿੱਖਿਆ ਵਿੱਚ ਫਸੇ ਬੱਚੇ ਜਾਂ ਉਨ੍ਹਾਂ ਦੇ ਮਾਪੇ ਮਦਦ ਲਈ ਚਾਈਲਡ ਹੈਲਪਲਾਈਨ ਨੰਬਰ 1098 ’ਤੇ ਸੰਪਰਕ ਕਰ ਸਕਦੇ ਨੇ ਜਾਂ ਵਟਸਐਪ ਨੰਬਰ 9646222555 ‘ਤੇ ਸੁਨੇਹਾ ਭੇਜਿਆ ਜਾ ਸਕਦਾ ਏ।

---------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ

ਕਿ 17 ਫਰਵਰੀ ਤੋਂ ਸ਼ੁਰੂ ਹੋਈਆਂ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਾਲੇ ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਗਏ ਨੇ। ਸਿੱਖਿਆ ਮੰਤਰੀ ਬੈਂਸ ਨੇ ਕਿਹਾ ਕਿ 6 ਹਜਾਰ 695 ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਲਈ ਸੂਬਾ ਸਰਕਾਰ ਨੇ 3 ਹਜਾਰ 255 ਪ੍ਰੀਖਿਆ ਕੇਂਦਰ ਸਥਾਪਤ ਕੀਤੇ ਨੇ। ਕੁੱਲ 3,255 ਵਿਸ਼ੇਸ਼ ਕੇਂਦਰਾਂ ਵਿੱਚੋਂ, 2,804 ਕੇਂਦਰ ਇੱਕ-ਇੱਕ ਵਿਦਿਆਰਥੀ ਲਈ ਸਥਾਪਤ ਕੀਤੇ ਗਏ ਨੇ, ਤਾਂ ਜੋ ਖਾਸ ਜ਼ਰੂਰਤਾਂ ਵਾਲੇ ਵਿਦਿਆਰਥੀਆਂ ਲਈ ਤਣਾਅ-ਮੁਕਤ ਪ੍ਰੀਖਿਆ ਮਾਹੌਲ ਨੂੰ ਯਕੀਨੀ ਬਣਾਇਆ ਜਾ ਸਕੇ।

---------------------------------------------------------

ਛੱਤਬੀੜ ਚਿੜੀਆਘਰ ਵਿਚ ਕੱਲ੍ਹ ਕਰਵਾਏ ਗਏ ਸਮਾਗਮ ਦੌਰਾਨ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮਾਦਾ ਬਾਘ ਗੌਰੀ ਤੋਂ ਪੈਦਾ ਹੋਏ 3 ਮਾਦਾ ਬੱਚਿਆਂ ਦਾ ਨਾਂ ਗਰਿਮਾ, ਗੁੰਜਨ ਤੇ ਗ਼ਜ਼ਲ ਰੱਖਿਆ ਏ। ਜ਼ਿਕਰਯੋਗ ਹੈ ਕਿ ਤਿੰਨੋਂ ਬੱਚੇ ਪਿਛਲੇ ਸਾਲ 5 ਨਵੰਬਰ ਨੂੰ ਪੈਦਾ ਹੋਏ ਸਨ ਅਤੇ ਇਨ੍ਹਾਂ ਨੂੰ ਹੁਣ 3 ਮਹੀਨੇ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਕਿਸੇ ਵੱਡੀ ਜਗ੍ਹਾ ‘ਤੇ ਛੱਡਿਆ ਜਾਵੇਗਾ। ਇਸ ਨਾਲ ਚਿੜੀਆਘਰ ਵਿੱਚ ਬਾਘਾਂ ਦੀ

ਕੁੱਲ ਗਿਣਤੀ 10 ਹੋ ਗਈ ਏ। ਜੰਗਲੀ ਜੀਵਾਂ ਦੀ ਸਾਂਭ ਸੰਭਾਲ ਅਤੇ ਲੋਕਾਂ ਨੂੰ ਉਨ੍ਹਾਂ ਦੀ ਭਲਾਈ ਅਤੇ ਦੇਖਭਾਲ ਪ੍ਰਤੀ ਜਾਗਰੂਕ ਕਰਨ ਦੇ ਮਕਸਦ ਨਾਲ ਮੰਤਰੀ ਨੇ ਛੱਤਬੀੜ ਚਿੜੀਆਘਰ ਦਾ ਫੇਸਬੁੱਕ ਅਤੇ ਇੰਸਟਾਗ੍ਰਾਮ ਅਕਾਊਂਟ ਵੀ ਜਨਤਕ ਕੀਤਾ। ਮੰਤਰੀ ਕਟਾਰੂਚੱਕ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਵਿੱਚ ਚਿੜੀਆਘਰ ਦੀ ਸਥਾਪਨਾ ਦੇ 50 ਸਾਲ ਮੁਕੰਮਲ ਹੋ ਜਾਣਗੇ ਤੇ ਵਿਭਾਗ ਵੱਲੋਂ ਇਸ ਅਹਿਮ ਮੌਕੇ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਬਾਰੇ ਵਿਚਾਰ ਕੀਤੀ ਜਾ ਰਹੀ ਏ।

---------------------------------------------------------------------

ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ ਲਾਭਪਾਤਰੀਆਂ ਲਈ 4 ਹਫਤਿਆਂ ਦੀ ਡੇਅਰੀ ਸਿਖਲਾਈ ਦਾ ਬੈਚ 23 ਫਰਵਰੀ ਤੋਂ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਸਰਦੂਲਗੜ੍ਹ ਵਿਚ ਸ਼ੁਰੂ ਕੀਤਾ ਜਾ ਰਿਹਾ ਏ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਿਖਲਾਈ ਪ੍ਰੋਗਰਾਮ ਲਈ ਸਿਰਫ਼ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਅਕਤੀ ਯੋਗ ਹੋਣਗੇ, ਜਿਹੜੇ ਕਿ ਪਿੰਡਾਂ ਦੇ ਵਸਨੀਕ ਹੋਣ, ਉਨ੍ਹਾਂ ਦੀ ਉਮਰ 18 ਤੋਂ 50 ਸਾਲ ਦੇ ਦਰਮਿਆਨ ਹੋਵੇ ਅਤੇ ਉਹ ਘੱਟੋ-ਘੱਟ ਦਸਵੀਂ ਪਾਸ ਹੋਣ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਇੱਛੁਕ ਵਿਅਕਤੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਕਮਰਾ

ਨੰਬਰ 302-ਈ, ਦੂਜੀ ਮੰਜਿਲ, ਬਠਿੰਡਾ ਵਿਚ ਅਰਜ਼ੀ ਫਾਰਮ ਭਰ ਸਕਦੇ ਨੇ, ਜਾਂ ਫੋਨ ਨੰ. 99148 01227 ‘ਤੇ ਸੰਪਰਕ ਕਰ ਸਕਦੇ ਨੇ।